# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ੀਕ ਖਬਰਾਂ

## 13:10

**ਮਿਤੀ :28-09-2026**

ਦੇਸ਼ ਅੱਜ ਮਹਾਨ ਇਨਕਲਾਬੀ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੀ 119ਵੀਂ ਜਯੰਤੀ ਮਨਾ ਰਿਹਾ ਏ। 1907 ਵਿੱਚ ਅੱਜ ਦੇ ਹੀ ਦਿਨ, ਭਗਤ ਸਿੰਘ ਦਾ ਜਨਮ ਪੰਜਾਬ ਦੇ ਤਤਕਾਲੀ ਲਾਇਲਪੁਰ ਜ਼ਿਲ੍ਹੇ ਦੇ ਪਿੰਡ ਬੰਗਾ ਵਿੱਚ ਸ਼੍ਰੀਮਤੀ ਵਿਦਿਆਵਤੀ ਤੇ  ਕਿਸ਼ਨ ਸਿੰਘ ਦੇ ਘਰ ਹੋਇਆ ਸੀ। ਭਗਤ ਸਿੰਘ ਦਾ ਜਨਮ ਕ੍ਰਾਂਤੀਕਾਰੀਆਂ ਦੇ ਪਰਿਵਾਰ 'ਚ ਹੋਇਆ ਸੀ ਅਤੇ ਉਹ ਸੱਤ ਭੈਣਾਂ-ਭਰਾਵਾਂ ਵਿਚ ਦੂਜੇ ਸਥਾਨ 'ਤੇ ਸਨ । ਉਨ੍ਹਾਂ ਨੂੰ ਪਿਆਰ ਨਾਲ 'ਭਾਗਾਂਵਾਲਾ' ਕਿਹਾ ਜਾਂਦਾ ਸੀ । ਉਨ੍ਹਾਂ ਦਾ ਜਨਮ ਦਿਨ ਮਨਾਉਣ ਲਈ ਅੱਜ ਦੁਪਹਿਰ ਬਾਅਦ ਲੁਧਿਆਣੇ ਵਿਖੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵਿੱਚ 'ਜਸ਼ਨ-ਏ-ਇੰਕਲਾਬ' ਨਾਂ ਦਾ ਇੱਕ ਰਾਜ-ਪੱਧਰੀ ਸੱਭਿਆਚਾਰਕ ਪ੍ਰੋਗਰਾਮ ਕਰਵਾਇਆ ਜਾ ਰਿਹਾ ਏ । ਲੋਕ, ਸ਼ਹੀਦ ਭਗਤ ਸਿੰਘ ਨਗਰ ਸਥਿਤ ਉਨ੍ਹਾਂ ਦੇ ਜਦੀ ਪਿੰਡ ਖਟਕੜ ਕਲਾਂ ਵਿੱਚ ਵੀ ਇਸ ਮਹਾਨ ਸਪੂਤ ਨੂੰ ਸ਼ਰਧਾਂਜਲੀ ਅਰਪਿਤ ਕਰ ਰਹੇ ਨੇ।

---

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ  ਸ਼ਹੀਦ ਭਗਤ ਸਿੰਘ ਨੂੰ ਉਨ੍ਹਾਂ ਦੀ ਜਯੰਤੀ 'ਤੇ ਸ਼ਰਧਾਂਜਲੀ ਭੇਟ ਕੀਤੀ ਏ। ਇਕ ਸੋਸ਼ਲ ਮੀਡੀਆ ਪੋਸਟ ਵਿੱਚ, ਸ੍ਰੀ ਮੋਦੀ ਨੇ ਕਿਹਾ ਕਿ ਭਗਤ ਸਿੰਘ ਨੇ ਅਦੁੱਤੀ ਹਿੰਮਤ ਤੇ ਬਹਾਦਰੀ ਨਾਲ ਆਜ਼ਾਦੀ ਅੰਦੋਲਨ ਵਿੱਚ ਨਵੀਂ ਊਰਜਾ ਦਾ ਸੰਚਾਰ ਕੀਤਾ। ਪ੍ਰਧਾਨ ਮੰਤਰੀ ਨੇ ਕਿਹਾ ਕਿ ਦੇਸ਼ ਦੇ ਮਾਣ-ਸਨਮਾਨ ਲਈ ਆਪਣਾ ਸਭ ਕੁਝ ਕੁਰਬਾਨ ਕਰਨ ਦੀ ਭਗਤ ਸਿੰਘ ਦੀ ਭਾਵਨਾ, ਭਾਰਤ ਦੇ ਨੌਜਵਾਨਾਂ ਦੇ ਸਾਹਸ ਅਤੇ ਦ੍ਰਿੜ੍ਹ ਸੰਕਲਪ ਦਾ ਪ੍ਰਤੀਕ ਏ। ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀ ਸ਼ਹੀਦ-ਏ-ਆਜ਼ਮ ਭਗਤ ਸਿੰਘ ਨੂੰ ਉਨ੍ਹਾਂ ਦੀ ਜਯੰਤੀ ਮੌਕੇ ਸ਼ਰਧਾਂਜਲੀ ਭੇਟ ਕੀਤੀ ਏ। ਇਕ ਸੋਸ਼ਲ ਮੀਡੀਆ ਪੋਸਟ ਵਿੱਚ, ਮੁਖ ਮੰਤਰੀ ਨੇ ਕਿਹਾ ਕਿ, ਉਨ੍ਹਾਂ ਦੀ ਲਾਸਾਨੀ ਕੁਰਬਾਨੀ ਤੇ ਸੋਚ ਸਾਡੇ ਨੌਜਵਾਨਾਂ ਲਈ ਹਮੇਸ਼ਾ ਪ੍ਰੇਰਨਾ ਸਰੋਤ ਰਹੇਗੀ।

---

ਫਗਵਾੜਾ ਸਥਿਤ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐੱਲ.ਪੀ.ਯੂ.) ਵਿਚ ਕਰੀਬ 24 ਘੰਟਿਆਂ ਤੱਕ ਚੱਲੇ ਤਣਾਅ ਤੋਂ ਬਾਅਦ ਪੰਜਾਬ ਪੁਲਿਸ ਨੇ ਦੇਰ ਰਾਤ ਸਥਿਤੀ ’ਤੇ ਕਾਬੂ ਪਾ ਲਿਆ ਏ। ਪ੍ਰਦਰਸ਼ਨ ਕਰ ਰਹੇ ਵਿਦਿਆਰਥੀਆਂ ਨੂੰ ਹਾਈਵੇਅ ਤੋਂ ਹਟਾਏ ਜਾਣ ਮਗਰੋਂ ਆਵਾਜਾਈ ਵੀ

ਸੁਚਾਰੂ ਹੋ ਗਈ ਏ। ਵਿਦਿਆਰਥੀ ਕੁਝ ਦਿਨ ਪਹਿਲਾਂ ਯੂਨੀਵਰਸਿਟੀ ਕੈਂਪਸ ਵਿਚ ਇੱਕ ਵਿਦਿਆਰਥਣ ਨਾਲ ਜਬਰ-ਜਨਾਹ ਦੀ ਘਟਨਾ ਸਬੰਧੀ ਯੂਨੀਵਰਸਿਟੀ ਪ੍ਰਸ਼ਾਸਨ ਵੱਲੋਂ ਕਾਰਵਾਈ ਨਾ ਕੀਤੇ ਜਾਣ ਦੇ ਵਿਰੋਧ ਵਿੱਚ ਪ੍ਰਦਰਸ਼ਨ ਕਰ ਰਹੇ ਸਨ। ਇਸ ਦੌਰਾਨ ਕੈਂਪਸ ਵਿੱਚ ਭੰਨਤੋੜ ਕੀਤੀ ਗਈ, ਪੁਲਿਸ ਮੁਲਾਜ਼ਮਾਂ ’ਤੇ ਪਥਰਾਅ ਹੋਇਆ ਅਤੇ ਪੁਲਿਸ ਦੀਆਂ ਗੱਡੀਆਂ ਨੂੰ ਨੁਕਸਾਨ ਪਹੁੰਚਾਉਣ ਦੇ ਨਾਲ ਕੁਝ ਵਾਹਨਾਂ ਨੂੰ ਅੱਗ ਵੀ ਲਗਾਈ ਗਈ, ਬਾਅਦ ਵਿੱਚ ਪੁਲਿਸ ਨੇ ਸਥਿਤੀ ਨੂੰ ਕਾਬੂ ਕਰ ਲਿਆ। ਪੁਲਿਸ ਮੁਖੀ ਗੌਰਵ ਯਾਦਵ ਨੇ ਅੱਜ ਕੈਂਪਸ ਦਾ ਦੌਰਾ ਕਰਕੇ ਸਥਿਤੀ ਦਾ ਜਾਇਜ਼ਾ ਲਿਆ। ਉਨ੍ਹਾਂ ਕਿਹਾ ਕਿ ਹਿੰਸਾ ਵਿੱਚ ਸ਼ਾਮਲ ਜਾਂ ਇਸ ਨੂੰ ਭੜਕਾਉਣ ਵਾਲੇ ਕਿਸੇ ਵੀ ਵਿਅਕਤੀ, ਭਾਵੇਂ ਉਹ ਯੂਨੀਵਰਸਿਟੀ ਪ੍ਰਸ਼ਾਸਨ ਨਾਲ ਸਬੰਧਤ ਹੋਵੇ, ਵਿਰੁੱਧ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪੁਲਿਸ, ਵਿਦਿਆਰਥੀਆਂ ਤੇ ਯੂਨੀਵਰਸਿਟੀ ਪ੍ਰਸ਼ਾਸਨ ਵਿਚਕਾਰ ਤਾਲਮੇਲ ਕਰਵਾ ਕੇ ਸਥਿਤੀ ਨੂੰ ਸੁਲਝਾਉਣ ਦੀ ਕੋਸ਼ਿਸ਼ ਕਰ ਰਹੀ ਏ।

BYTE

ਇਸੇ ਦੌਰਾਨ ਯੂਨੀਵਰਸਿਟੀ ਨੇ ਜਬਰ-ਜਨਾਹ ਦੇ ਦੋਸ਼ਾਂ ਨੂੰ ਅਫ਼ਵਾਹ ਕਰਾਰ ਦਿੱਤਾ ਏ। ਸਾਵਧਾਨੀ ਵਜੋਂ ਯੂਨੀਵਰਸਿਟੀ ਅੱਜ ਤੋਂ 10 ਦਿਨਾਂ ਲਈ ਬੰਦ ਕਰ ਦਿੱਤੀ ਗਈ ਏ। ਮਿਡ-ਟਰਮ ਪ੍ਰੀਖਿਆਵਾਂ ਵੀ ਅਗਲੇ

ਹੁਕਮਾਂ ਤੱਕ ਮੁਲਤਵੀ ਕਰ ਦਿੱਤੀਆਂ ਗਈਆਂ ਨੇ। ਡੀ.ਜੀ.ਪੀ. ਨੇ ਲੋਕਾਂ ਨੂੰ ਅਪੀਲ ਕੀਤੀ ਏ ਕਿ ਉਹ ਅਫ਼ਵਾਹਾਂ 'ਤੇ ਵਿਸ਼ਵਾਸ ਨਾ ਕਰਨ ਤੇ ਨਾ ਹੀ ਉਨ੍ਹਾਂ ਨੂੰ ਫੈਲਾਉਣ। ਉਨ੍ਹਾਂ ਕਿਹਾ ਕਿ ਮਾਮਲੇ ਸਬੰਧੀ ਜਾਣਕਾਰੀ ਸਿਰਫ਼ ਭਰੋਸੇਯੋਗ ਸਰੋਤਾਂ ਤੋਂ ਹੀ ਲਈ ਜਾਵੇ।

-------------------------------------------------------

ਫ਼ਿਰੋਜ਼ਪੁਰ ਜ਼ਿਲ੍ਹੇ ਦੇ ਮਮਦੋਟ ਵਿਖੇ ਕੱਲ ਭਾਜਪਾ ਵਲੋਂ ਕੱਢੀ 'ਨਸ਼ਾ ਮੁਕਤ ਪੰਜਾਬ ਯਾਤਰਾ' ਨੂੰ ਸੰਬੋਧਨ ਕਰਦਿਆਂ ਰਾਜਸਥਾਨ ਦੇ ਮੁੱਖ ਮੰਤਰੀ ਭਜਨ ਲਾਲ ਸ਼ਰਮਾ ਨੇ ਕਿਹਾ ਕਿ ਨਸ਼ਾ ਪੰਜਾਬ ਦੀ ਮੌਜੂਦਾ ਤੇ ਆਉਣ ਵਾਲੀ ਪੀੜ੍ਹੀ ਲਈ ਗੰਭੀਰ ਚੁਣੌਤੀ ਬਣਿਆ ਹੋਇਆ ਏ। ਉਨ੍ਹਾਂ ਦੋਸ਼ ਲਾਇਆ ਕਿ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਇਸ ਗੰਭੀਰ ਸਮੱਸਿਆ ਨਾਲ ਨਜਿੱਠਣ ਵਿਚ ਨਾਕਾਮ ਰਹੀ ਏ। ਸ਼ਰਮਾ ਨੇ ਕਿਹਾ ਕਿ ਨਸ਼ਿਆਂ ਦੀ ਸਮੱਸਿਆ ਸਿੱਧੇ ਤੌਰ 'ਤੇ ਨੌਜਵਾਨਾਂ ਦੇ ਭਵਿੱਖ ਨੂੰ ਪ੍ਰਭਾਵਿਤ ਕਰ ਰਹੀ ਏ। ਅਜਿਹੇ ਹਾਲਾਤ ਵਿਚ ਸਰਕਾਰ ਵੱਲੋਂ ਸਿਰਫ਼ ਦਾਅਵੇ ਕਰਨ ਦੀ ਬਜਾਏ ਪ੍ਰਭਾਵਸ਼ਾਲੀ ਨਤੀਜਿਆਂ ਲਈ ਠੋਸ ਕਾਰਵਾਈ ਕਰਨ ਦੀ ਲੋੜ ਏ।ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ 2047 ਤੱਕ ਭਾਰਤ ਨੂੰ ਵਿਕਸਤ ਦੇਸ਼ ਬਣਾਉਣ ਦਾ ਟੀਚਾ ਰੱਖਿਆ ਏ। ਇਹ ਟੀਚਾ ਉਦੋਂ ਤੱਕ ਹਾਸਲ ਨਹੀਂ ਕੀਤਾ ਜਾ ਸਕਦਾ, ਜਦੋਂ ਤੱਕ ਦੇਸ਼ ਦੇ ਨੌਜਵਾਨ ਸਿਹਤਮੰਦ ਤੇ ਸਮਰੱਥ ਨਹੀਂ ਹੋਣਗੇ। ਉਨ੍ਹਾਂ

ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਅਗਵਾਈ ਹੇਠ ਪੰਜਾਬ ਸਮੇਤ ਪੂਰੇ ਭਾਰਤ ਨੂੰ 2029 ਤੱਕ ਨਸ਼ਾ ਮੁਕਤ ਬਣਾਉਣ ਦਾ ਸੰਕਲਪ ਲਿਆ ਗਿਆ ਏ  ਤੇ ਇਸ ਲਈ ਰੋਡਮੈਪ ਵੀ ਤਿਆਰ ਕੀਤਾ ਜਾ ਚੁੱਕਾ ਏ । ਪੰਜਾਬ ਭਰ ਵਿੱਚ ਨਸ਼ਿਆਂ ਵਿਰੁੱਧ ਜਾਗਰੂਕਤਾ ਫੈਲਾਉਣ ਤੇ ਇਸ ਮੁਹਿੰਮ ਨੂੰ ਲੋਕ ਲਹਿਰ ਬਣਾਉਣ ਲਈ 'ਨਸ਼ਾ ਮੁਕਤ ਪੰਜਾਬ ਯਾਤਰਾਵਾਂ' ਕੱਢੀਆਂ ਜਾ ਰਹੀਆਂ ਨੇ ।

---------------------------------------------------------------

ਬੈਂਕਾਂ ਦੀ ਅੱਜ ਤੋਂ ਸ਼ੁਰੂ ਹੋਣ ਵਾਲੀ  ਤਿੰਨ ਦਿਨਾਂ ਦੇਸ਼ ਵਿਆਪੀ ਹੜਤਾਲ ਰੱਦ ਕਰ ਦਿੱਤੀ ਗਈ ਏ। ਆਲ ਇੰਡੀਆ ਬੈਂਕ ਇੰਪਲਾਈਜ਼ ਐਸੋਸੀਏਸ਼ਨ ਨੇ ਇਸਦੀ ਪੁਸ਼ਟੀ ਕੀਤੀ ਏ । ਇਹ ਫੈਸਲਾ ਇੰਡੀਅਨ ਬੈਂਕਸ ਐਸੋਸੀਏਸ਼ਨ ਨਾਲ ਹੋਏ ਸਮਝੌਤੇ ਤੋਂ ਬਾਅਦ ਲਿਆ ਗਿਆ ਏ। ਇਸਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਹੜਤਾਲ ਰੱਦ ਕਰਨ ਦਾ ਫੈਸਲਾ, ਕੱਲ੍ਹ ਰਾਤ ਇੰਡੀਅਨ ਬੈਂਕਸ ਐਸੋਸੀਏਸ਼ਨ ਅਤੇ ਯੂਨਾਈਟਿਡ ਫੋਰਮ ਆਫ਼ ਬੈਂਕ ਯੂਨੀਅਨਾਂ ਵਿਚਕਾਰ ਹੜਤਾਲ ਨਾਲ ਸਬੰਧਤ ਮੁੱਦਿਆਂ 'ਤੇ ਚਰਚਾ ਕਰਨ ਲਈ ਹੋਈ ਮੀਟਿੰਗ ਤੋਂ ਬਾਅਦ ਲਿਆ ਗਿਆ।

---------------------------------------------------------------

ਭਾਰਤ ਅੱਜ ਸਰਜੀਕਲ ਸਟ੍ਰਾਈਕ ਦੀ 10ਵੀਂ ਵਰ੍ਹੇਗੰਢ ਮਨਾ ਰਿਹਾ ਏ।

28 ਅਤੇ 29 ਸਤੰਬਰ, 2016 ਦੀ ਰਾਤ ਨੂੰ, ਫੌਜ ਨੇ ਕੰਟਰੋਲ ਰੇਖਾ ਦੇ ਪਾਰ ਦਹਿਸ਼ਤਗਰਦੀ ਟਿਕਾਣਿਆਂ ਖਿਲਾਫ ਨਿਸ਼ਾਨਾਬੱਧ ਕਾਰਵਾਈਆਂ ਕੀਤੀਆਂ। ਇਹ ਕਾਰਵਾਈ 18 ਸਤੰਬਰ ਨੂੰ ਉਰੀ ਦਹਿਸ਼ਤਗਰਦੀ ਹਮਲੇ ਤੋਂ ਬਾਅਦ ਕੀਤੀ ਗਈ ਸੀ, ਜਿਸ ਵਿੱਚ 18 ਭਾਰਤੀ ਜਵਾਨ ਸ਼ਹੀਦ ਹੋ ਗਏ ਸਨ। ਇਸ ਕਾਰਵਾਈ ਨੇ ਦਹਿਸ਼ਤਗਰਦੀ ਖਿਲਾਫ ਭਾਰਤ ਦੀ ਸੁਰੱਖਿਆ ਨੀਤੀ ਵਿੱਚ ਇੱਕ ਤਬਦੀਲੀ ਦੀ ਨਿਸ਼ਾਨਦੇਹੀ ਕੀਤੀ। ਇਸ ਤੋਂ ਬਾਅਦ 2019 ਵਿੱਚ ਬਾਲਾਕੋਟ ਅਤੇ 2025 ਵਿੱਚ ਆਪ੍ਰੇਸ਼ਨ ਸਿੰਦੂਰ ਵਿੱਚ ਪਾਕਿਸਤਾਨ ਵਿਰੁੱਧ ਕਾਰਵਾਈਆਂ ਕੀਤੀਆਂ ਗਈਆਂ।

-------------------------------------------------